ਰਾਮਕਲੀ ਮਹਲਾ ੩ ॥ ਹਰਿ ਕੀ ਪੂਜਾ ਦੁਲੰਭ ਹੈ ਸੰਤਹੁ ਕਹਣਾ ਕਛੂ ਨ ਜਾਈ ॥ ੧॥ ਸੰਤਹੁ ਗੁਰਮੁਖਿ ਪੂਰਾ ਪਾਈ ॥ ਨਾਮੋ ਪੂਜ ਕਰਾਈ ॥ ੧॥ ਰਹਾਉ ॥ ਹਰਿ ਬਿਨੁ ਸਭੁ ਕਿਛੁ ਮੈਲਾ ਸੰਤਹੁ ਕਿਆ ਹਉ ਪੂਜ ਚੜਾਈ ॥ ੨॥ ਹਰਿ ਸਾਚੇ ਭਾਵੈ ਸਾ ਪੂਜਾ ਹੋਵੈ ਭਾਣਾ ਮਨਿ ਵਸਾਈ ॥ ੩॥ ਪੂਜਾ ਕਰੈ ਸਭੁ ਲੋਕੁ ਸੰਤਹੁ ਮਨਮੁਖਿ ਥਾਇ ਨ ਪਾਈ ॥੪॥ ਸਬਦਿ ਮਰੈ ਮਨੁ ਨਿਰਮਲੁ ਸੰਤਹੁ ਏਹ ਪੂਜਾ ਥਾਇ ਪਾਈ ॥੫॥ ਪਵਿਤ ਪਾਵਨ ਸੇ ਜਨ ਸਾਚੇ ਏਕ ਸਬਦਿ ਲਿਵ ਲਾਈ ॥੬॥ ਬਿਨੁ ਨਾਵੈ ਹੋਰ ਪੂਜ ਨ ਹੋਵੀ ਭਰਮਿ ਭੁਲੀ ਲੋਕਾਈ ॥੭॥ {ਪੰਨਾ 910}

ਪਦਅਰਥ:- ਦੁਲੰਭ—ਦੁਰਲੱਭ, ਜੋ ਬੜੀ ਮੁਸ਼ਕਿਲ ਨਾਲ ਮਿਲੇ। ਸੰਤਹੁ—ਹੇ ਸੰਤ ਜਨੋ! ਕਛੂ ਨ—ਕੁਝ ਭੀ ਨਹੀਂ। ਕਹਣਾ ਜਾਈ—ਕਿਹਾ ਜਾ ਸਕਦਾ।1।

ਗੁਰਮੁਖਿ—ਉਹ ਮਨੁੱਖ ਜੋ ਗੁਰੂ ਦੀ ਸਰਨ ਪੈਂਦਾ ਹੈ। ਪੂਰਾ—ਸਾਰੇ ਗੁਣਾਂ ਨਾਲ ਭਰਪੂਰ ਪ੍ਰਭੂ। ਨਾਮੋ—ਨਾਮ ਹੀ, ਨਾਮ ਜਪਣਾ ਹੀ। ਪੂਜ—ਪੂਜਾ। ਕਰਾਈ—(ਗੁਰੂ) ਕਰਾਂਦਾ ਹੈ।1। ਰਹਾਉ।

ਕਿਆ ਪੂਜ—ਪੂਜ ਕਰਨ ਵਾਸਤੇ ਕਿਹੜੀ ਚੀਜ਼? ਹਉ ਚੜਾਈ—ਹਉਂ ਚੜ੍ਹਾਈਂ, ਮੈਂ ਭੇਟਾ ਕਰਾਂ।2।

ਸਾਚਾ—ਸਦਾ-ਥਿਰ ਰਹਿਣ ਵਾਲਾ। ਸਾਚੇ ਭਾਵੈ—ਸਾਚੇ (ਭਾਣਾ) ਭਾਵੈ, ਜੇ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਰਜ਼ਾ ਚੰਗੀ ਲੱਗਣ ਲੱਗ ਪਏ। ਸਾ—ਉਹੀ, ਰਜ਼ਾ ਮਿੱਠੀ ਲੱਗਣੀ ਹੀ। ਮਨਿ—ਮਨ ਵਿਚ। ਵਸਾਈ—ਵਸਾਂਦਾ ਹੈ।3।

ਸਭੁ ਲੋਕੁ—ਸਾਰਾ ਜਗਤ। ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ। ਥਾਇ—ਥਾਂ ਵਿਚ, ਥਾਂ ਸਿਰ। ਥਾਇ ਨ ਪਾਈ—ਕਬੂਲ ਨਹੀਂ ਹੁੰਦੀ।4।

ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ। ਮਰੈ—(ਵਿਕਾਰਾਂ ਦੀ ਪ੍ਰੇਰਨਾ ਵਲੋਂ) ਮਰਦਾ ਹੈ, ਵਿਕਾਰਾਂ ਦਾ ਪ੍ਰਭਾਵ ਆਪਣੇ ਉੱਤੇ ਪੈਣ ਨਹੀਂ ਦੇਂਦਾ। ਨਿਰਮਲੁ—ਪਵਿੱਤਰ।5।

ਪਵਿਤ—ਪਵਿੱਤਰ। ਪਾਵਨ—ਪਵਿੱਤਰ। ਸੇ—ਉਹ {ਬਹੁ-ਵਚਨ}। ਸਾਚੇ—ਸਦਾ-ਥਿਰ ਪ੍ਰਭੂ ਨਾਲ ਇਕ-ਮਿਕ। ਲਿਵ ਲਾਈ—ਸੁਰਤਿ ਜੋੜੀ।6।

ਨ ਹੋਵੀ—ਨਹੀਂ ਹੋ ਸਕਦੀ। ਭਰਮਿ—ਭੁਲੇਖੇ ਵਿਚ (ਪੈ ਕੇ)। ਭੁਲੀ—ਕੁਰਾਹੇ ਪਈ ਹੋਈ ਹੈ। ਲੋਕਾਈ—ਦੁਨੀਆ।7।

ਅਰਥ:- ਹੇ ਸੰਤ ਜਨੋ! ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਸਾਰੇ ਗੁਣਾਂ ਨਾਲ ਭਰਪੂਰ ਪ੍ਰਭੂ ਨੂੰ ਲੱਭ ਲੈਂਦਾ ਹੈ। ਨਾਮ ਜਪੋ, ਨਾਮ ਹੀ ਜਪੋ—ਗੁਰੂ ਇਹ ਪੂਜਾ ਕਰਾਂਦਾ ਹੈ।1। ਰਹਾਉ।

ਹੇ ਸੰਤ ਜਨੋ! ਪਰਮਾਤਮਾ ਦੀ ਪੂਜਾ-ਭਗਤੀ ਬੜੀ ਔਖਿਆਈ ਨਾਲ ਮਿਲਦੀ ਹੈ। ਪ੍ਰਭੂ ਦੀ ਪੂਜਾ ਕਿਤਨੀ ਦੁਰਲੱਭ ਹੈ—ਇਸ ਬਾਬਤ ਕੁਝ ਭੀ ਦੱਸਿਆ ਨਹੀਂ ਜਾ ਸਕਦਾ।1।

(ਹੇ ਸੰਤ ਜਨੋ! ਦੁਨੀਆ ਦੇ ਲੋਕ ਫੁੱਲ ਪੱਤਰਾਂ ਆਦਿਕ ਨਾਲ ਦੇਵਤਿਆਂ ਦੀ ਪੂਜਾ ਕਰਦੇ ਹਨ, ਪਰ) ਹੇ ਸੰਤ ਜਨੋ! ਮੈਂ (ਪਰਮਾਤਮਾ ਦੀ ਪੂਜਾ ਕਰਨ ਵਾਸਤੇ) ਕਿਹੜੀ ਚੀਜ਼ ਉਸ ਅੱਗੇ ਭੇਟਾ ਕਰਾਂ? ਉਸ ਪ੍ਰਭੂ ਦੇ ਨਾਮ ਤੋਂ ਬਿਨਾ (ਨਾਮ ਦੇ ਟਾਕਰੇ ਤੇ) ਹੋਰ ਹਰੇਕ ਚੀਜ਼ ਮੈਲੀ ਹੈ।2।

ਹੇ ਸੰਤ ਜਨੋ! ਜੇ ਕਿਸੇ ਮਨੁੱਖ ਨੂੰ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਰਜ਼ਾ ਚੰਗੀ ਲੱਗਣ ਲੱਗ ਪਏ ਤਾਂ ਉਸ ਵੱਲੋਂ ਇਹੀ ਪਰਮਾਤਮਾ ਦੀ ਪੂਜਾ ਹੈ। (ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪਰਮਾਤਮਾ ਦੀ) ਰਜ਼ਾ ਨੂੰ ਹੀ ਆਪਣੇ ਮਨ ਵਿਚ ਵਸਾਂਦਾ ਹੈ (ਰਜ਼ਾ ਨੂੰ ਹੀ ਚੰਗੀ ਜਾਣਦਾ ਹੈ)।3।

ਹੇ ਸੰਤ ਜਨੋ! ਸਾਰਾ ਜਗਤ (ਆਪਣੇ ਵਲੋਂ) ਪੂਜਾ ਕਰਦਾ ਹੈ, ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੀ ਕੀਤੀ ਹੋਈ ਕੋਈ ਭੀ ਪੂਜਾ (ਪਰਮਾਤਮਾ ਦੀ ਹਜ਼ੂਰੀ ਵਿਚ) ਕਬੂਲ ਨਹੀਂ ਹੁੰਦੀ।4।

ਹੇ ਸੰਤ ਜਨੋ! ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਵਿਕਾਰਾਂ ਦਾ ਪ੍ਰਭਾਵ ਆਪਣੇ ਉੱਤੇ ਨਹੀਂ ਪੈਣ ਦੇਂਦਾ ਉਸ ਦਾ ਮਨ ਪਵਿੱਤਰ ਹੋ ਜਾਂਦਾ ਹੈ। ਉਸ ਦੀ ਇਹ ਪੂਜਾ ਪ੍ਰਭੂ-ਦਰ ਤੇ ਪਰਵਾਨ ਹੋ ਜਾਂਦੀ ਹੈ।5।

ਹੇ ਸੰਤ ਜਨੋ! ਅਜਿਹੇ ਬੰਦੇ ਪਵਿੱਤਰ ਜੀਵਨ ਵਾਲੇ ਹੋ ਜਾਂਦੇ ਹਨ, ਸਦਾ-ਥਿਰ ਰਹਿਣ ਵਾਲੇ ਪ੍ਰਭੂ ਨਾਲ ਇਕ-ਮਿਕ ਹੋ ਜਾਂਦੇ ਹਨ; ਗੁਰੂ ਦੇ ਸ਼ਬਦ ਦੀ ਰਾਹੀਂ ਉਹ ਬੰਦੇ ਇਕ ਪਰਮਾਤਮਾ ਵਿਚ ਸੁਰਤਿ ਜੋੜੀ ਰੱਖਦੇ ਹਨ।6।

ਹੇ ਸੰਤ ਜਨੋ! ਪਰਮਾਤਮਾ ਦਾ ਨਾਮ ਜਪਣ ਤੋਂ ਬਿਨਾ ਪਰਮਾਤਮਾ ਦੀ ਕਿਸੇ ਹੋਰ ਕਿਸਮ ਦੀ ਪੂਜਾ ਨਹੀਂ ਹੋ ਸਕਦੀ। (ਨਾਮ ਤੋਂ ਖੁੰਝ ਕੇ) ਭੁਲੇਖੇ ਵਿਚ ਪੈ ਕੇ ਦੁਨੀਆ ਕੁਰਾਹੇ ਪਈ ਰਹਿੰਦੀ ਹੈ।7।

**ਗੁਰਮੁਖਿ ਆਪੁ ਪਛਾਣੈ ਸੰਤਹੁ ਰਾਮ ਨਾਮਿ ਲਿਵ ਲਾਈ ॥ ੮॥ ਆਪੇ ਨਿਰਮਲੁ ਪੂਜ ਕਰਾਏ ਗੁਰ ਸਬਦੀ ਥਾਇ ਪਾਈ ॥੯॥ ਪੂਜਾ ਕਰਹਿ ਪਰੁ ਬਿਧਿ ਨਹੀ ਜਾਣਹਿ ਦੂਜੈ ਭਾਇ ਮਲੁ ਲਾਈ ॥੧੦॥ ਗੁਰਮੁਖਿ ਹੋਵੈ ਸੁ ਪੂਜਾ ਜਾਣੈ ਭਾਣਾ ਮਨਿ ਵਸਾਈ ॥੧੧॥ ਭਾਣੇ ਤੇ ਸਭਿ ਸੁਖ ਪਾਵੈ ਸੰਤਹੁ ਅੰਤੇ ਨਾਮੁ ਸਖਾਈ ॥੧੨॥ ਅਪਣਾ ਆਪੁ ਨ ਪਛਾਣਹਿ ਸੰਤਹੁ ਕੂੜਿ ਕਰਹਿ ਵਡਿਆਈ ॥੧੩॥ ਪਾਖੰਡਿ ਕੀਨੈ ਜਮੁ ਨਹੀ ਛੋਡੈ ਲੈ ਜਾਸੀ ਪਤਿ ਗਵਾਈ ॥੧੪॥** {ਪੰਨਾ 910}

ਪਦਅਰਥ:- ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ। ਆਪੁ—ਆਪਣੇ ਆਪ ਨੂੰ; ਆਪਣੇ ਜੀਵਨ ਨੂੰ। ਪਛਾਣੈ—ਪਰਖਦਾ ਰਹਿੰਦਾ ਹੈ, ਪੜਤਾਲਦਾ ਰਹਿੰਦਾ ਹੈ। ਨਾਮਿ—ਨਾਮ ਵਿਚ।8।

ਆਪੇ—(ਪ੍ਰਭੂ) ਆਪ ਹੀ। ਨਿਰਮਲੁ—ਪਵਿੱਤਰ। ਗੁਰ ਸਬਦੀ—ਗੁਰੂ ਦੇ ਸ਼ਬਦ ਦੀ ਰਾਹੀਂ। ਥਾਇ ਪਾਈ—ਕਬੂਲ ਕਰਦਾ ਹੈ।9।

ਕਰਹਿ—ਕਰਦੇ ਹਨ। ਪਰੁ—ਪਰੰਤੂ। ਬਿਧਿ—ਸਹੀ ਤਰੀਕਾ। ਦੂਜੈ ਭਾਇ—(ਪ੍ਰਭੂ ਤੋਂ ਬਿਨਾ) ਕਿਸੇ ਹੋਰ ਪਿਆਰ ਵਿਚ। ਭਾਇ—{ਲਫ਼ਜ਼ 'ਭਾਉ' ਤੋਂ ਅਧਿਕਰਣ ਕਾਰਕ, ਇਕ-ਵਚਨ}। ਮਲੁ—ਵਿਕਾਰਾਂ ਦੀ ਮੈਲ।10।

ਸੁ—ਉਹ ਮਨੁੱਖ। ਮਨਿ—ਮਨ ਵਿਚ। ਭਾਣਾ—ਪ੍ਰਭੂ ਦੀ ਰਜ਼ਾ। ਵਸਾਈ—ਵਸਾਂਦਾ ਹੈ।11।

ਤੇ—ਤੋਂ। ਭਾਣੇ ਤੇ—ਭਾਣਾ ਮੰਨਣ ਤੋਂ। ਸਭਿ—ਸਾਰੇ। ਅੰਤੇ—ਅਖ਼ੀਰ ਵੇਲੇ। ਸਖਾਈ—ਸਾਥੀ।12।

ਕੂੜਿ—ਕੂੜ ਵਿਚ, ਮਾਇਆ ਦੇ ਮੋਹ ਵਿਚ (ਫਸੇ ਹੋਏ)। ਕਰਹਿ—ਕਰਦੇ ਹਨ।13।

ਪਾਖੰਡਿ—ਪਖੰਡ ਦੇ ਕਾਰਨ। ਪਾਖੰਡਿ ਕੀਨੈ—ਪਖੰਡ ਕਰਨ ਦੇ ਕਾਰਨ। ਲੈ ਜਾਈ—ਲੈ ਜਾਇਗਾ। ਪਤਿ—ਇੱਜ਼ਤ। ਗਵਾਈ—ਗਵਾਇ, ਗਵਾ ਕੇ।14।

ਅਰਥ:- ਹੇ ਸੰਤ ਜਨੋ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਆਪਣੇ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ, ਤੇ, ਪਰਮਾਤਮਾ ਦੇ ਨਾਮ ਵਿਚ ਸੁਰਤਿ ਜੋੜੀ ਰੱਖਦਾ ਹੈ।8।

ਹੇ ਸੰਤ ਜਨੋ! ਪਵਿੱਤਰ ਪ੍ਰਭੂ ਆਪ ਹੀ (ਜੀਵ ਨੂੰ ਗੁਰੂ ਦੇ ਸ਼ਬਦ ਵਿਚ ਜੋੜ ਕੇ ਉਸ ਪਾਸੋਂ ਆਪਣੀ) ਪੂਜਾ-ਭਗਤੀ ਕਰਾਂਦਾ ਹੈ, ਤੇ, ਗੁਰੂ ਦੇ ਸ਼ਬਦ ਵਿਚ ਉਸ ਦੀ ਲੀਨਤਾ ਦੇ ਕਾਰਨ ਉਸ ਦੀ ਕੀਤੀ ਪੂਜਾ ਪਰਵਾਨ ਕਰਦਾ ਹੈ।9।

(ਹੇ ਸੰਤ ਜਨੋ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਪ੍ਰਭੂ ਦੀ) ਪੂਜਾ ਤਾਂ ਕਰਦੇ ਹਨ, ਪਰੰਤੂ (ਪੂਜਾ ਦਾ) ਸਹੀ ਤਰੀਕਾ ਨਹੀਂ ਜਾਣਦੇ। ਮਾਇਆ ਦੇ ਪਿਆਰ ਵਿਚ ਫਸ ਕੇ (ਮਨਮੁਖ ਮਨੁੱਖ ਆਪਣੇ ਮਨ ਨੂੰ ਵਿਕਾਰਾਂ ਦੀ) ਮੈਲ ਚੰਬੋੜੀ ਰੱਖਦਾ ਹੈ।10।

(ਹੇ ਸੰਤ ਜਨੋ!) ਜਿਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ ਉਹ ਪਰਮਾਤਮਾ ਦੀ ਭਗਤੀ ਕਰਨੀ ਜਾਣਦਾ ਹੈ (ਉਹ ਜਾਣਦਾ ਹੈ ਕਿ ਪ੍ਰਭੂ ਦੀ ਰਜ਼ਾ ਵਿਚ ਰਾਜ਼ੀ ਰਹਿਣਾ ਪ੍ਰਭੂ ਦੀ ਭਗਤੀ ਹੈ, ਇਸ ਵਾਸਤੇ ਉਹ ਪ੍ਰਭੂ ਦੀ) ਰਜ਼ਾ ਨੂੰ ਆਪਣੇ ਮਨ ਵਿਚ ਵਸਾਂਦਾ ਹੈ।11।

ਹੇ ਸੰਤ ਜਨੋ! ਗੁਰਮੁਖ ਮਨੁੱਖ ਭਾਣਾ ਮੰਨਣ ਤੋਂ (ਹੀ ਇਸ ਲੋਕ ਵਿਚ) ਸਾਰੇ ਸੁਖ ਪ੍ਰਾਪਤ ਕਰ ਲੈਂਦਾ ਹੈ; ਅਖ਼ੀਰ ਵੇਲੇ ਭੀ ਪ੍ਰਭੂ ਦਾ ਨਾਮ ਉਸ ਦਾ ਸਾਥੀ ਬਣਦਾ ਹੈ।12।

ਹੇ ਸੰਤ ਜਨੋ! (ਜਿਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ) ਆਪਣੇ ਜੀਵਨ ਨੂੰ ਨਹੀਂ ਪੜਤਾਲਦੇ, ਮਾਇਆ ਦੇ ਮੋਹ ਵਿਚ ਫਸੇ ਹੋਏ ਉਹ ਮਨੁੱਖ ਆਪਣੇ ਆਪ ਦੀ ਹੀ ਸੋਭਾ ਕਰਦੇ ਰਹਿੰਦੇ ਹਨ।13।

ਹੇ ਸੰਤ ਜਨੋ! (ਧਰਮ ਦਾ) ਪਖੰਡ ਕੀਤਿਆਂ ਮੌਤ (ਦਾ ਸਹਿਮ) ਖ਼ਲਾਸੀ ਨਹੀਂ ਕਰਦਾ। ਜਮ (ਨਾਮ-ਹੀਣ ਬੰਦਿਆਂ ਨੂੰ) ਇਥੋਂ ਉਹਨਾਂ ਦੀ ਇੱਜ਼ਤ ਗੰਵਾ ਕੇ (ਪਰਲੋਕ ਵਿਚ) ਲੈ ਜਾਇਗਾ।14।

**ਜਿਨ ਅੰਤਰਿ ਸਬਦੁ ਆਪੁ ਪਛਾਣਹਿ ਗਤਿ ਮਿਤਿ ਤਿਨ ਹੀ ਪਾਈ ॥੧੫॥ ਏਹੁ ਮਨੂਆ ਸੁੰਨ ਸਮਾਧਿ ਲਗਾਵੈ ਜੋਤੀ ਜੋਤਿ ਮਿਲਾਈ ॥ ੧੬॥ ਸੁਣਿ ਸੁਣਿ ਗੁਰਮੁਖਿ ਨਾਮੁ ਵਖਾਣਹਿ ਸਤਸੰਗਤਿ ਮੇਲਾਈ ॥੧੭॥ ਗੁਰਮੁਖਿ ਗਾਵੈ ਆਪੁ ਗਵਾਵੈ ਦਰਿ ਸਾਚੈ ਸੋਭਾ ਪਾਈ ॥ ੧੮॥ ਸਾਚੀ ਬਾਣੀ ਸਚੁ ਵਖਾਣੈ ਸਚਿ ਨਾਮਿ ਲਿਵ ਲਾਈ ॥੧੯॥ ਭੈ ਭੰਜਨੁ ਅਤਿ ਪਾਪ ਨਿਖੰਜਨੁ ਮੇਰਾ ਪ੍ਰਭੁ ਅੰਤਿ ਸਖਾਈ ॥੨੦॥ ਸਭੁ ਕਿਛੁ ਆਪੇ ਆਪਿ ਵਰਤੈ ਨਾਨਕ ਨਾਮਿ ਵਡਿਆਈ ॥੨੧॥੩॥੧੨॥** {ਪੰਨਾ 910}

ਪਦਅਰਥ:- ਜਿਨ—{'ਜਿਨ' ਬਹੁ-ਵਚਨ; 'ਜਿਨਿ' ਇਕ-ਵਚਨ}। ਅੰਤਰਿ—ਅੰਦਰ। ਆਪੁ—ਆਪਣੇ ਆਪ ਨੂੰ, ਆਪਣੇ ਜੀਵਨ ਨੂੰ। ਗਤਿ—ਹਾਲਤ। ਮਿਤਿ—ਮਾਪ। ਗਤਿ ਮਿਤਿ—ਪਰਮਾਤਮਾ ਕਿਹੋ ਜਿਹਾ ਹੈ ਤੇ ਕੇਡਾ ਵੱਡਾ (ਬੇਅੰਤ) ਹੈ—ਇਹ ਸੂਝ।15।

ਸੁੰਨ—ਸੁੰਞ, ਉਹ ਹਾਲਤ ਜਦੋਂ ਮਾਇਆ ਦੇ ਫੁਰਨੇ ਨਾਹ ਉੱਠਣ। ਸੁੰਨ ਸਮਾਧਿ—ਉਹ ਇਕਾਗ੍ਰਤਾ ਜਿੱਥੇ ਮਨ ਵਿਚ ਮਾਇਆ ਵਾਲੇ ਫੁਰਨੇ ਨਹੀਂ ਉੱਠਦੇ। ਜੋਤਿ—ਜਿੰਦ। ਜੋਤੀ—ਪ੍ਰਭੂ ਦੀ ਜੋਤਿ ਵਿਚ। 16।

ਸੁਣਿ—ਸੁਣ ਕੇ। ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦੇ। 17।

ਆਪੁ—ਆਪਾ-ਭਾਵ। ਗਵਾਵੈ—ਦੂਰ ਕਰਦਾ ਹੈ। ਦਰਿ ਸਾਚੈ—ਸਦਾ-ਥਿਰ ਪ੍ਰਭੂ ਦੇ ਦਰ ਤੇ। 18।

ਸਾਚੀ ਬਾਣੀ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ। ਸਚੁ—ਸਦਾ-ਥਿਰ ਪ੍ਰਭੂ (ਦਾ ਨਾਮ)। ਸਚਿ ਨਾਮਿ—ਸਦਾ-ਥਿਰ ਪ੍ਰਭੂ ਦੇ ਨਾਮ ਵਿਚ। ਲਿਵ—ਲਗਨ, ਸੁਰਤਿ। 19।

ਭੈਭੰਜਨੁ—ਸਾਰੇ ਡਰਾਂ ਦਾ ਨਾਸ ਕਰਨ ਵਾਲਾ ਪ੍ਰਭੂ। ਅਤਿ ਪਾਪ ਨਿਖੰਜਨੁ—ਵੱਡੇ ਵੱਡੇ ਪਾਪਾਂ ਦਾ ਨਾਸ ਕਰਨ ਵਾਲਾ ਪ੍ਰਭੂ। ਸਖਾਈ—ਸਾਥੀ। ਅੰਤਿ—ਆਖ਼ਰ ਨੂੰ। 20।

ਸਭੁ ਕਿਛੁ—ਹਰੇਕ ਚੀਜ਼। ਆਪੇ—ਆਪ ਹੀ। ਵਰਤੈ—ਮੌਜੂਦ ਹੈ। ਨਾਮਿ—ਨਾਮ ਵਿਚ (ਜੁੜਿਆਂ)। 21।

ਅਰਥ:- ਹੇ ਸੰਤ ਜਨੋ! ਜਿਨ੍ਹਾਂ ਬੰਦਿਆਂ ਦੇ ਹਿਰਦੇ ਵਿਚ ਗੁਰੂ ਦਾ ਸ਼ਬਦ ਵੱਸ ਪੈਂਦਾ ਹੈ, ਉਹ ਆਪਣੇ ਜੀਵਨ ਨੂੰ ਪੜਤਾਲਦੇ ਰਹਿੰਦੇ ਹਨ, ਉਹਨਾਂ ਨੇ ਹੀ ਇਹ ਗੱਲ ਸਮਝੀ ਹੈ ਕਿ ਪਰਮਾਤਮਾ ਕਿਹੋ ਜਿਹਾ ਹੈ ਤੇ ਕੇਡਾ ਵੱਡਾ (ਬੇਅੰਤ) ਹੈ।15।

(ਹੇ ਸੰਤ ਜਨੋ! ਜਿਨ੍ਹਾਂ ਦੇ ਅੰਦਰ ਗੁਰ-ਸ਼ਬਦ ਵੱਸਦਾ ਹੈ ਉਹਨਾਂ ਦਾ) ਇਹ ਮਨ ਅਜਿਹੀ ਇਕਾਗ੍ਰਤਾ ਬਣਾਂਦਾ ਹੈ ਜਿਥੇ ਮਾਇਆ ਦੇ ਫੁਰਨੇ ਨਹੀਂ ਉੱਠਦੇ, ਉਹਨਾਂ ਦੀ ਜਿੰਦ ਪ੍ਰਭੂ ਦੀ ਜੋਤਿ ਵਿਚ ਲੀਨ ਹੈ। 16।

(ਹੇ ਸੰਤ ਜਨੋ!) ਗੁਰੂ ਦੇ ਸਨਮੁਖ ਰਹਿਣ ਵਾਲੇ ਉਹ ਬੰਦੇ ਸਾਧ ਸੰਗਤਿ ਵਿਚ ਮਿਲ ਬੈਠਦੇ ਹਨ, (ਸਤ-ਸੰਗੀਆਂ ਪਾਸੋਂ) ਪ੍ਰਭੂ ਦਾ ਨਾਮ ਸੁਣ ਸੁਣ ਕੇ ਉਹ ਭੀ ਨਾਮ ਉਚਾਰਦੇ ਰਹਿੰਦੇ ਹਨ। 17।

(ਹੇ ਸੰਤ ਜਨੋ!) ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ, ਆਪਣੇ ਅੰਦਰੋਂ ਹਉਮੈ ਅਹੰਕਾਰ ਦੂਰ ਕਰਦਾ ਹੈ, ਤੇ, ਸਦਾ-ਥਿਰ ਪ੍ਰਭੂ ਦੇ ਦਰ ਤੇ ਸੋਭਾ ਪਾਂਦਾ ਹੈ। 18।

(ਹੇ ਸੰਤ ਜਨੋ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ) ਸਦਾ-ਥਿਰ ਹਰੀ ਦੀ ਸਿਫ਼ਤਿ-ਸਾਲਾਹ ਦੀ ਬਾਣੀ ਉਚਾਰਦਾ ਹੈ, ਸਦਾ-ਥਿਰ ਪ੍ਰਭੂ ਦਾ ਨਾਮ ਉਚਾਰਦਾ ਹੈ, ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਸੁਰਤਿ ਜੋੜੀ ਰੱਖਦਾ ਹੈ। 19।

(ਹੇ ਸੰਤ ਜਨੋ!) ਜੀਵਾਂ ਦੇ ਸਾਰੇ ਡਰ ਨਾਸ ਕਰਨ ਵਾਲਾ ਤੇ ਘੋਰ ਪਾਪ ਦੂਰ ਕਰਨ ਵਾਲਾ ਪਰਮਾਤਮਾ ਆਖ਼ਰ (ਉਹਨਾਂ ਦਾ) ਸਾਥੀ ਬਣਦਾ ਹੈ (ਜੋ ਉਸ ਦੀ ਸਿਫ਼ਤਿ-ਸਾਲਾਹ ਵਿਚ ਜੁੜੇ ਰਹਿੰਦੇ ਹਨ)। 20।

ਹੇ ਸੰਤ ਜਨੋ! ਇਹ ਸਭ ਕੁਝ (ਜੋ ਦਿੱਸ ਰਿਹਾ ਹੈ, ਇਸ ਵਿਚ) ਪ੍ਰਭੂ ਆਪ ਹੀ ਆਪ ਹਰ ਥਾਂ ਮੌਜੂਦ ਹੈ। ਹੇ ਨਾਨਕ! ਉਸ ਦੇ ਨਾਮ ਵਿਚ ਜੁੜਿਆਂ ਲੋਕ ਪਰਲੋਕ ਵਿਚ ਆਦਰ ਮਿਲਦਾ ਹੈ। 21।3।12।